# ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਮੋਹਾਲੀ,
ਈਮੇਲ: directorscert@punjabeducation.gov.in, ਫੋਨ ਨੰ: 0172-2212221


Azadi Ka Amrit Mahotsav

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ ਅਤੇ ਐ.ਸਿੱ)
ਸਮੂਹ ਸਕੂਲ ਮੁਖੀ (ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ)
ਪੰਜਾਬ।

ਮੀਮੋ ਨੰ. SCERT/PPPP/PRI./2022 /7-13 ਮਿਤੀ:- 27/09/22

**ਵਿਸ਼ਾ :- ਮਿਤੀ 28 ਸਤੰਬਰ 2022 ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਜਨਮ ਦਿਵਸ ਮਨਾਉਣ ਸੰਬੰਧੀ।**

**ਹਵਾਲਾ:- ਇਸ ਦਫ਼ਤਰ ਦੇ ਪੱਤਰ ਮੀਮੋ ਨੰ. SCERT-SDP 01/95/2022- SDP- SCERT/39154/ 01 -06 ਮਿਤੀ : ਐੱਸ.ਏ.ਐੱਸ. ਨਗਰ 24.09.2022 ਦੀ ਲਗਾਤਾਰਤਾ ਵਿੱਚ।**

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਮਿਤੀ 28.09.2022 ਨੂੰ ਪੰਜਾਬ ਸਰਕਾਰ ਵੱਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ 115ਵੇਂ ਜਨਮ ਦਿਵਸ ਸੰਬੰਧੀ ਰਾਜ ਪੱਧਰੀ ਸਮਾਗਮ ਉਹਨਾਂ ਦੇ ਜੱਦੀ ਪਿੰਡ ਖਟਕੜ ਕਲਾਂ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਰਵਾਇਆ ਜਾ ਰਿਹਾ ਹੈ।

3.0 ਇਸ ਰਾਜ ਪੱਧਰੀ ਸਮਾਗਮ ਦੌਰਾਨ ਮਿਤੀ 28.09.2022 ਨੂੰ ਬਾਅਦ ਦੁਪਹਿਰ 12.00 ਵਜੇ ਦੇ ਲਗਭਗ ਸ਼ਹੀਦ-ਏ-ਆਜ਼ਮ ਦੇ ਜਨਮ ਦਿਵਸ ਨੂੰ ਧਿਆਨ ਵਿੱਚ ਰੱਖਦੇ ਹੋਏ ਸਹੁੰ-ਚੁੱਕ ਸਮਾਗਮ ਵੀ ਕਰਵਾਇਆ ਜਾਣਾ ਹੈ। ਇਸ ਰਾਜ ਪੱਧਰੀ ਸਮਾਗਮ ਦਾ 45 ਮਿੰਟਾਂ ਲਈ ਸਿੱਧਾ ਪ੍ਰਸਾਰਣ ਵੀ ਵੱਖ-ਵੱਖ ਪਲੇਟਫਾਰਮਾਂ (ਐਜੂਸੈਟ, ਯੂ ਟਿਊਬ, ਸੋਸ਼ਲ ਮੀਡੀਆ ਆਦਿ) ਰਾਹੀਂ ਕੀਤਾ ਜਾਵੇਗਾ।

4.0 ਸਮੂਹ ਸਕੂਲਾਂ ਦੇ ਅਧਿਆਪਕ ਅਤੇ ਵਿਦਿਆਰਥੀ ਵੀ ਸਕੂਲਾਂ ਵਿੱਚੋਂ ਹੀ ਇਸ ਸਹੁੰ ਚੁੱਕ ਸਮਾਗਮ ਦਾ ਹਿੱਸਾ ਬਣਦੇ ਹੋਏ ਨਿਰਧਾਰਿਤ ਸਮੇਂ ਦੌਰਾਨ ਸਹੁੰ ਚੁੱਕਣਗੇ।

5.0 ਸਮਾਗਮ ਦਾ ਸਿੱਧਾ ਪ੍ਰਸਾਰਣ ਐਜੂਸੈਟ, ਯੂ-ਟਿਊਬ ਲਿੰਕ ਅਤੇ ਹੋਰ ਸੋਸ਼ਲ ਮੀਡੀਆ ਪਲੇਟ ਫਾਰਮਾਂ ਰਾਹੀਂ ਕੀਤਾ ਜਾਣਾ ਹੈ, ਜਿਸ ਦਾ ਲਿੰਕ ਜਲਦੀ ਹੀ ਸਕੂਲ ਮੁਖੀਆਂ ਨਾਲ ਸਾਂਝਾ ਕੀਤਾ ਜਾਵੇਗਾ।

6.0 ਸਕੂਲ ਮੁਖੀ ਸਮਾਗਮ ਦੇ ਸਿੱਧੇ ਪ੍ਰਸਾਰਣ ਲਈ ਮਿਤੀ 28.09.2022 ਨੂੰ 12.00 ਵਜੇ ਤੋਂ ਪਹਿਲਾਂ ਪ੍ਰਬੰਧ ਕਰਕੇ ਰੱਖਣਗੇ। ਸਮਾਗਮ ਦੇ ਸਿੱਧੇ ਪ੍ਰਸਾਰਣ ਲਈ ਐਜੂਸੈਟ ਦੀ ਵਰਤੋਂ ਕੀਤੀ ਜਾ ਸਕਦੀ ਹੈ, ਯੂ-ਟਿਊਬ ਲਿੰਕ ਨੂੰ ਸਕੂਲ ਵਿੱਚ ਉਪਲਬੱਧ ਪ੍ਰੋਜੈਕਟਰ, ਐੱਲ.ਈ.ਡੀ. ਰਾਹੀਂ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਸਕੂਲਾਂ ਵਿੱਚ ਉਪਲਬੱਧ ਕੰਪਿਊਟਰਾਂ ਦੀ ਵਰਤੋਂ ਕਰਦੇ ਹੋਏ ਵੀ ਇਸ ਸਮਾਗਮ ਦਾ ਸਿੱਧਾ ਪ੍ਰਸਾਰਣ ਕੀਤਾ ਜਾ ਸਕਦਾ ਹੈ।

7.0 ਇਸ ਸਹੁੰ ਚੁੱਕ ਸਮਾਗਮ ਦੌਰਾਨ ਸਕੂਲ ਵਿੱਚੋਂ ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਫੋਟੋਆਂ ਅਤੇ ਰਿਪੋਰਟ ਸਕੂਲ ਮੁਖੀਆਂ ਵੱਲੋਂ ਗੂਗਲ ਫਾਰਮ ਰਾਹੀਂ ਮਿਤੀ 28.09.2022 ਨੂੰ ਸ਼ਾਮ 3.00 ਵਜੇ ਤੱਕ ਗੂਗਲ ਲਿੰਕ 'ਤੇ ਸਾਂਝੀ ਕੀਤੀ ਜਾਵੇਗੀ।

8.0 ਸਮਾਗਮ ਦੇ ਸਿੱਧੇ ਪ੍ਰਸਾਰਣ ਲਈ ਲੋੜੀਂਦੇ ਪ੍ਰਬੰਧ ਅਗੇਤ ਵਿੱਚ ਕਰਨ ਦੀ ਖੇਚਲ ਕੀਤੀ ਜਾਵੇ।

**ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਪੰਜਾਬ।**

ਪਿੱਠ ਅੰਕਣ ਨੰ. ਉਕਤ ਮਿਤੀ :- ਉਕਤ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਏ. ਟੂ. ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ
3. ਪੀ.ਏ.ਟੂ. ਡੀ.ਪੀ.ਆਈ. (ਸੈ.ਸਿੱ./ ਐ.ਸਿੱ.) ਪੰਜਾਬ

**ਡਾਇਰੈਕਟਰ ਐੱਸ.ਸੀ.ਈ.ਆਰ.ਟੀ., ਪੰਜਾਬ**